ਵੱਲੋ

ਡਾਇਰੈਕਟਰ,
ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ,
(ਤਕਨੀਕੀ ਸਿਖਿਆ ਵਿੰਗ)
ਪੰਜਾਬ, ਚੰਡੀਗੜ੍ਹ।

ਸੇਵਾ ਵਿਖੇ

ਸਮੂਹ ਸੈਕਸ਼ਨਿੰਗ ਅਥਾਰਟੀਆਂ
ਰਜਿਸਟਰਾਰ (ਸੈਕਸ਼ਨਿੰਗ ਅਥਾਰਟੀਜ)

1. ਪੰਜਾਬ ਤਕਨੀਕੀ ਯੂਨੀਵਰਸਿਟੀ, ਜਲੰਧਰ
2. ਡਾ: ਬੀ ਆਰ ਅੰਬੇਦਕਰ ਨੈਸ਼ਨਲ ਇਸ : ਆਫ ਟੈਕ : ਜਲੰਧਰ
3. ਇੰਡੀਅਨ ਇੰਸ : ਆਫ ਟੈਕ : ਰੋਪੜ
4. ਸੰਤ ਲੋਗੋਂਵਾਲ ਇੰਸ ਆਫ ਇੰਜੀ : ਅਤੇ ਟੈਕ : ਸੰਗਰੂਰ
5. ਨੈਸ਼ਨਲ ਇੰਸ: ਆਫ ਫਾਰਮੈਸਿਊਟੀਕਲ ਐਜੂਕੇਸ਼ਨ ਐਂਡ ਰਿਸਰਚ ਮੋਹਾਲੀ
6. ਥਾਪਰ ਯੂਨੀਵਰਸਿਟੀ ਪਟਿਆਲਾ ।
7 ਮਹਾਰਾਜਾ ਰਣਜੀਤ ਸਿੰਘ ਸਟੇਟ ਟੈਕਨੀਕਲ ਯੂਨੀਵਰਸਿਟੀ, ਬਠਿੰਡਾ

8-22 ਪ੍ਰਿੰਸੀਪਲ
ਸਰਕਾਰੀ ਬਹੁਤਕਨੀਕੀ ਕਾਲਜ, ਅੰਮ੍ਰਿਤਸਰ, ਬਠਿੰਡਾ,ਬਟਾਲਾ,ਬਹਿਰਾਮ, ਬੇਗੋਵਾਲ , ਬਰੇਟਾ, ਭਿੱਖੀਵਿੰਡ, ਹੁਸ਼ਿਆਰਪੁਰ, ਜੀ. ਟੀ. ਬੀ. ਗੜ, ਫਤੂਹੀਖੇੜਾ, ਰਾਂਣਵਾ, ਖੂਨੀ ਮਾਜਰਾ, ਕੋਟਕਪੂਰਾ ਫਿਰੋਜਪੁਰ, ਬਡਬਰ ।

23-28 ਸਰਕਾਰੀ ਬਹੁਤਕਨੀਕੀ ਕਾਲਜ ਲੜਕੀਆਂ, ਅੰਮ੍ਰਿਤਸਰ, ਜਲੰਧਰ, ਦੀਨਾਨਗਰ , ਪਟਿਆਲਾ ਲੁਧਿਆਣਾ ਅਤੇ ਰੋਪੜ ।

29 ਪ੍ਰਿੰਸੀਪਲ ਗੋਰਮਿੰਟ ਇੰਸ : ਆਫ ਟੈਕਸਟਾਈਲ ਕੈਮਿਸਟਰੀ ਅਤੇ ਨਿਟਿੰਗ ਟੈਕ : ਲੁਧਿਆਣਾ ।

ਮੀਮੋ ਨੰ: 1/ਟੀ.ਈ/ਸਕਾਲਰਸ਼ਿਪ/ 1081-1110 ਮਿਤੀ 18/7/16

ਵਿਸ਼ਾ - **ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਸਾਲ 2016-17 ਦੇ ਐਸ.ਸੀ/ਓ.ਬੀ.ਸੀ ਵਿਦਿਆਰਥੀਆਂ ਦੇ ਕੇਸ ਭੇਜਣ ਸਬੰਧੀ।**

ਵਿਸ਼ਾ ਅੰਕਿਤ ਮਾਮਲੇ ਸਬੰਧੀ ਸਾਲ 2016-17 ਦੇ ਐਸ.ਸੀ/ਓ.ਬੀ.ਸੀ ਵਿਦਿਆਰਥੀਆਂ ਦੇ ਕੇਸ ਭੇਜਣ ਤੋਂ ਪਹਿਲਾਂ ਹੇਠ ਲਿਖੀਆਂ ਹਦਾਇਤਾਂ ਦੀ ਪਾਲਣਾ ਕਰਨ ਹਿੱਤ ਆਪਣੀ ਅਤੇ ਆਪਣੇ ਅਧੀਨ ਆਉਂਦੀਆਂ ਸੰਸਥਾਵਾਂ ਦੇ ਧਿਆਨ ਵਿੱਚ ਲਿਆ ਦਿੱਤਾ ਜਾਵੇ ਕਿ:-

1. ਸਾਰੀਆਂ ਸੰਸਥਾਵਾਂ ਵਿੱਚ ਐਸ.ਸੀ/ਓ.ਬੀ.ਸੀ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਸਕੀਮਾਂ ਦੀ ਜਾਣਕਾਰੀ ਦੇਣ ਸਬੰਧੀ ਇੱਕ ਨੋਟਿਸ ਬੋਰਡ ਲਗਾਇਆ ਜਾਵੇ ਕਿ ਇਹ ਸਕੀਮਾ ਭਾਰਤ ਸਰਕਾਰ/ਪੰਜਾਬ ਸਰਕਾਰ ਵੱਲੋਂ ਆਪ ਦੀ ਸੰਸਥਾ ਰਾਹੀਂ ਚਲਾਈਆਂ ਜਾਂਦੀਆਂ ਹਨ।
2. ਸੰਸਥਾਵਾਂ ਵੱਲੋਂ ਕਿਸੇ ਵੀ ਐਸ.ਸੀ/ਓ.ਬੀ.ਸੀ ਵਿਦਿਆਰਥੀ ਦਾ ਬੈਂਕ ਅਕਾਊਂਟ ਸੰਸਥਾ ਦੇ ਪੱਧਰ ਤੇ ਨਾ ਖੋਲਿਆ ਜਾਵੇ ਅਤੇ ਕਿਸੇ ਵੀ ਵਿਦਿਆਰਥੀ ਦੀ ਪਾਸ ਬੁੱਕ ਸੰਸਥਾ ਵਿੱਚ ਨਾਂ ਰੱਖੀ ਜਾਵੇ।
3. ਕੇਵਲ ਵਿਦਿਆਰਥੀਆਂ ਦੇ ਮਾਪਿਆਂ ਦੀ ਸਲਾਨਾ ਆਮਦਨ ਦੀ ਸਵੈ-ਘੋਸ਼ਣਾ/ਐਫੀਡੇਵਿਟ ਹੀ ਲਈ ਜਾਵੇ।
4. ਸੰਸਥਾਵਾਂ ਵੱਲੋਂ ਕਿਸੇ ਵੀ ਐਸ.ਸੀ/ਓ.ਬੀ.ਸੀ ਵਿਦਿਆਰਥੀ ਦਾ ਆਨ-ਲਾਈਨ ਫਾਰਮ ਸੰਸਥਾਵਾਂ ਵੱਲੋਂ ਆਪਣੇ ਪੱਧਰ ਤੇ ਨਾ ਭਰਿਆ ਜਾਵੇ, ਕੇਵਲ ਆਨ-ਲਾਈਨ ਫਾਰਮ ਭਰਨ ਲਈ ਵਿਦਿਆਰਥੀਆਂ ਦੀ ਮੱਦਦ ਕੀਤੀ ਜਾਵੇ।
5. ਭਲਾਈ ਵਿਭਾਗ ਵੱਲੋਂ ਵੈਬ-ਪੋਰਟਲ ਨੂੰ ਖੋਲਣ ਅਤੇ ਬੰਦ ਕਰਨ ਦੀਆਂ ਦੀਆਂ ਮਿਤੀਆਂ ਨੂੰ ਸੰਸਥਾਵਾਂ ਵੱਲੋਂ ਨੋਟਿਸ ਬੋਰਡ ਤੇ ਛਾਪ ਕੇ ਐਸ.ਸੀ/ਓ.ਬੀ.ਸੀ ਵਿਦਿਆਰਥੀਆਂ ਨੂੰ ਜਾਣੂੰ ਕਰਵਾਇਆ ਜਾਵੇ।
6. ਕੁਝ ਸੰਸਥਾਵਾਂ ਵੱਲੋਂ ਸਰਕਾਰ ਪਾਸੋਂ ਸਕਾਲਰਸ਼ਿਪ ਦੀ ਅਦਾਇਗੀ ਲੇਟ ਹੋਣ ਕਾਰਨ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਵਿੱਚ ਬੈਠਣ ਤੋਂ ਰੋਕ ਦਿੱਤਾ ਜਾਂਦਾ ਹੈ।ਇਸ ਪ੍ਰਥਾ ਨੂੰ ਬੰਦ ਕੀਤਾ ਜਾਵੇ।

7. ਭਲਾਈ ਵਿਭਾਗ ਦੀਆਂ ਐਸ.ਸੀ /ਓ.ਬੀ.ਸੀ ਸਕੀਮਾਂ ਸਬੰਧੀ ਸੰਸਥਾਵਾਂ ਦੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾਵੇ ਕਿ ਐਸ.ਸੀ ਵਿਦਿਆਰਥੀਆਂ ਦੀਆਂ ਫੀਸਾਂ ਕਿਸ ਤਰ੍ਹਾਂ ਰਿਫੰਡ ਹੋਣੀਆਂ ਹਨ ਅਤੇ ਓ.ਬੀ.ਸੀ ਵਿਦਿਆਰਥੀਆਂ ਦੀਆਂ ਫੀਸਾਂ ਕਿਸ ਤਰ੍ਹਾਂ ਰਿਫੰਡ ਹੋਣੀਆਂ ਹਨ, ਬਾਰੇ ਵੀ ਜਾਣੂੰ ਕਰਵਾਇਆ ਜਾਵੇ।

ਵਧੀਕ ਡਾਇਰੈਕਟਰ
ਵਾਸਤੇ ਡਾਇਰੈਕਟਰ ਤਕਨੀਕੀ ਸਿਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ,ਪੰਜਾਬ, ਚੰਡੀਗੜ੍ਹ।